ਕੰਟੀਨ ਦੀ ਅਲਾਟਮੈਂਟ ਦੀਆਂ ਸ਼ਰਤਾਂ

<u>ਬਿਨੈਕਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਕੰਟੀਨ ਲਈ ਅਪਲਾਈ ਕਰਨ ਤੋਂ ਪਹਿਲਾਂ ਹੇਠ ਲਿਖੀਆਂ ਸ਼ਰਤਾਂ ਧਿਆਨ ਨਾਲ ਪੜ੍ਹ ਲੈਣ ਤਾਂ ਜੋ ਬਿਨੈ-ਪੱਤਰ ਕੈਂਸਲ/ਰਿਜੈਕਟ ਨਾ ਹੋਵੇ।</u>

1. ਕੰਟੀਨ ਦੀ ਅਲਾਟਮੈਂਟ ਲਈ ਉਹ ਹੀ ਬਿਨੈਕਾਰ ਅਪਲਾਈ ਕਰ ਸਕਦੇ ਹਨ ਜਿਨ੍ਹਾਂ ਨੂੰ (ਕਿਸੇ ਕੇਸ ਵਿੱਚ ਅਦਾਲਤ ਵੱਲੋਂ ਦੋਸ਼ੀ ਕਰਾਰ ਨਾ ਦਿੱਤਾ ਗਿਆ ਹੋਵੇ ਅਤੇ ਨਾ ਹੀ ਉਸ ਨੂੰ ਕਿਸੇ ਵਿਭਾਗ/ ਸੰਸਥਾ ਵੱਲੋਂ ***<u>debar/blacklist</u>*** ਕੀਤਾ ਗਿਆ ਹੋਵੇ) ਅਤੇ ਜਿਨ੍ਹਾਂ ਕੋਲ ਕਿਸੇ ਸੰਸਥਾਂ/ਕਾਲਜ/ਯੂਨੀਵਰਸਿਟੀ ਵਿਖੇ ਕੰਮ ਕਰਨ ਦਾ ਘੱਟੋ-ਘੱਟ 3 ਸਾਲ ਦਾ Experience ਹੋਵੇ। Experience Certificate and Residence Proof (Adhaar Card)ਦੀ ਪਰਤ ਬਿਨੈ-ਪੱਤਰ ਦੇ ਨਾਲ ਜਮ੍ਹਾਂ ਕਰਵਾਉਣੀ ਜ਼ਰੂਰੀ ਹੋਵੇਗੀ।

2. ਕੰਟੀਨ ਦੀ ਮੁਢਲੀ ਅਲਾਟਮੈਂਟ ਮਿਤੀ ਅਲਾਟਮੈਂਟ 01 ਜੁਲਾਈ 2022 (ਜਾਂ ਜਿਸ ਮਿਤੀ ਤੋਂ ਅਲਾਟਮੈਂਟ ਹੋਵੇਗੀ) ਤੋਂ 30 ਜੂਨ 2023 ਤੱਕ ਹੋਵੇਗੀ ਅਤੇ ਠੇਕੇਦਾਰ ਦੇ ਕੰਮ ਅਤੇ ਵਿਵਹਾਰ ਨੂੰ ਮੁੱਖ ਰੱਖਦੇ ਹੋਏ ਅਗਲੇ 2 ਸਾਲਾਂ (Extendable upto 30.06.2025 ਤੱਕ) ਲਈ ਹਰ ਸਾਲ ਕਿਰਾਏ ਵਿਚ 5% ਦਾ ਵਾਧਾ ਕਰਦੇ ਹੋਏ ਅਲਾਟਮੈਂਟ ਦੀ ਮਿਆਦ ਵਿਚ ਵਾਧਾ ਕਰਨ ਦਾ ਅਧਿਕਾਰ ਯੂਨੀਵਰਸਿਟੀ ਕੋਲ ਹੋਵੇਗਾ।

3. ਕੰਟੀਨ ਲਈ ਬਿਨੈਕਾਰ ਵੱਲੋਂ ਅਪਣੇ ਬਿਨੈ ਪੱਤਰ ਵਿੱਚ ਜਿੰਨੀ License Fee/ Financial Bid ਭਰੀ ਜਾਵੇਗੀ ਉਸ ਦੇ ਤਿੰਨ ਗੁਣਾ ਰਾਸ਼ੀ ਦਾ Demand Draft ਜੋ ਕਿ **Main Account of Guru Nanak Dev University College Verka** ਦੇ ਨਾਮ ਤੇ ਹੋਵੇ ਅਪਣੇ ਬਿਨੈ ਪੱਤਰ ਦੇ ਨਾਲ ਹੀ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵੇਗਾ, ਜਿਸ ਦੀ ਰਾਸ਼ੀ ਸਫਲ ਉਮੀਦਵਾਰ ਦੀ ਜਮਾਨਤੀ ਰਕਮ ਵਿੱਚ ਐਡਜਟ ਕਰ ਦਿੱਤੀ ਜਾਵੇਗੀ (*ਜੋ ਅਲਾਟਮੈਂਟ ਦੀ ਮਿਆਦ ਖਤਮ ਹੋਣ ਉਪਰੰਤ ਬਿਨ੍ਹਾਂ ਵਿਆਜ ਵਾਪਸੀ ਯੋਗ ਹੋਵੇਗੀ*) ਅਤੇ ਬਾਕੀ ਉਮੀਦਵਾਰਾਂ ਨੂੰ Demand Draft ਵਾਪਿਸ ਕਰ ਦਿੱਤਾ ਜਾਵੇਗਾ ।

4. ਕੰਟੀਨ ਦਾ ਠੇਕੇਦਾਰ ਪਹਿਲੇ 3 ਮਹੀਨਿਆਂ ਦਾ ਪੇਸ਼ਗੀ ਕਿਰਾਇਆ ਅਤੇ ਨਿਯਮਾਂ ਅਨੁਸਾਰ GST ਅਲਾਟਮੈਂਟ ਸਮੇਂ ਹੀ ਜਮ੍ਹਾਂ ਕਰਵਾਏਗਾ ਅਤੇ ਅਗਲੇ 3 ਮਹੀਨਿਆਂ ਦਾ ਕਿਰਾਇਆ (*ਸਮੇਤ* GST) ਸਤੰਬਰ ਮਹੀਨੇ ਦੀ 25 ਤੋਂ 30 ਤਾਰੀਖ (*ਜਾਂ ਅਖੀਰਲੇ ਕੰਮ ਵਾਲੇ ਦਿਨ ਤੱਕ*) ਜਮ੍ਹਾਂ ਕਰਵਾਏਗਾ । ਜੇਕਰ ਠੇਕੇਦਾਰ ਵੱਲੋਂ ਇਸ ਦਰਮਿਆਨ ਕਿਰਾਇਆ (*ਸਮੇਤ* GST) ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਅਕਤੂਬਰ ਮਹੀਨੇ ਦੀ 15 ਤਾਰੀਖ ਤੱਕ (ਜਾਂ ਕੰਮ ਵਾਲੇ ਦਿਨ ਤੱਕ) ਉਸ ਨੂੰ ਕਿਰਾਇਆ (*ਸਮੇਤ* GST) 10% **Penalty** ਨਾਲ ਜਮ੍ਹਾਂ ਕਰਵਾਉਣਾ ਪਵੇਗਾ ਅਤੇ ਜੇਕਰ ਠੇਕੇਦਾਰ ਵੱਲੋਂ ਫਿਰ ਵੀ ਕਿਰਾਇਆ (*ਸਮੇਤ* GST) ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਉਸਦਾ ਠੇਕਾ ਰੱਦ ਕਰਨ ਅਤੇ ਜਮਾਨਤੀ ਰਕਮ ਜਬਤ ਕਰਨ ਦਾ ਅਧਿਕਾਰ ਯੂਨੀਵਰਸਿਟੀ ਕੋਲ ਹੋਵੇਗਾ । ਇਹ ਹੀ ਸ਼ਰਤ ਅਗਲੀਆਂ ਤਿਮਾਹੀਆਂ ਦੇ ਕਿਰਾਏ ਆਦਿ ਤੇ ਲਾਗੂ ਹੋਵੇਗੀ ।

5. ਕੰਟੀਨ ਲਈ ਅਪਲਾਈ ਕਰਨ ਵਾਲੇ ਬਿਨੈਕਾਰਾਂ ਵੱਲੋਂ Food Safety and Standards Authority of India ਵੱਲੋਂ ਨਿਰਧਾਰਿਤ **Valid FSSAI License** ਦੀ ਪਰਤ ਬਿਨੈਪੱਤਰ ਦੇ ਨਾਲ ਜਮ੍ਹਾਂ ਕਰਵਾਉਣੀ ਜ਼ਰੂਰੀ ਹੋਵੇਗੀ ।

6. ਕੰਟੀਨ ਵਿਚ ਸਿਰਫ ਕਮਰਸ਼ੀਅਲ ਗੈਸ ਸਿਲੰਡਰਾਂ ਦੀ ਵਰਤੋਂ ਕਰਨੀ ਹੋਵੇਗੀ।

7. ਕੰਟੀਨ ਦੇ ਠੇਕੇਦਾਰ ਦੁੱਧ ਤੋਂ ਤਿਆਰ ਹੋਣ ਵਾਲੀਆਂ ਸਾਰੀਆਂ ਵਸਤਾਂ ਲਈ Milk Plant Verka ਦਾ ਦੁੱਧ ਇਸਤੇਮਾਲ ਕਰਨਗੇ।

8. ਇਸ ਸੈਸ਼ਨ ਦੌਰਾਨ ਜੇਕਰ ਕੰਟੀਨ ਵਿਚ ਉਥੇ ਦੇ ਕਰਿੰਦੇ ਨਾਲ ਕੋਈ ਹਾਦਸਾ ਜਾਂ ਅਣਸੁਖਾਵੀ ਘਟਨਾ ਵਾਪਰ ਜਾਂਦੀ ਹੈ ਤਾਂ ਉਸ ਦੀ ਜ਼ਿੰਮੇਵਾਰੀ ਠੇਕੇਦਾਰ ਦੀ ਹੋਵੇਗੀ।

9. ਜੇਕਰ ਕਿਸੇ ਵੀ ਪਹਿਲਾਂ ਲਏ ਗਏ ਠੇਕੇਦਾਰ ( ਕੰਟੀਨ) ਜਿਸ ਨੇ ਕਾਲਜ ਦੇ ਹਿੱਤ ਦੇ ਮੁਤਾਬਿਕ ਪ੍ਰੋਫਾਰਮੈਸ ਠੀਕ ਨਹੀਂ ਦਿੱਤੀ ਗਈ ਉਸ ਨੂੰ ਕੰਟੀਨ ਦਾ ਠੇਕਾ ਦੁਬਾਰਾ ਨਹੀਂ ਦਿੱਤਾ ਜਾਵੇਗਾ।

10. ਕੰਟੀਨ ਲਈ ਪ੍ਰਾਪਤ ਹੋਣ ਵਾਲੀਆਂ ਅਰਜ਼ੀਆਂ ਵਿੱਚੋਂ ਜਿਸ ਯੋਗ ਬਿਨੈਕਾਰ ਵੱਲੋਂ ਸਭ ਤੋਂ ਜ਼ਿਆਦਾ Licence Fees/Financial Bid ਭਰੀ ਹੋਵੇਗੀ ਉਸ ਬਿਨੈਕਾਰ ਨੂੰ ਹੀ ਇੰਟਰਵਿਊ ਲਈ ਬੁਲਾਉਣ ਉਪਰੰਤ ਅਲਾਟਮੈਂਟ ਕੀਤੀ ਜਾਵੇਗੀ । ਜੇਕਰ ਬਿਨੈਕਾਰ ਇੰਟਰਵਿਊ ਵਿੱਚ ਹਾਜ਼ਰ ਨਹੀਂ ਹੁੰਦਾ (ਜੋ ਕਿ ਬਿਨੈਕਾਰ ਨੂੰ ਅਪੀਅਰ ਹੋਣਾ Mandatory ਹੈ), ਤਾਂ ਉਸ ਵੱਲੋਂ Demand Draft ਦੇ ਰੂਪ ਵਿੱਚ ਜਮ੍ਹਾਂ ਕਰਵਾਈ ਗਈ ਰਾਸ਼ੀ ਜ਼ਬਤ ਕਰ ਲਈ ਜਾਵੇਗੀ ਅਤੇ ਜੇਕਰ ਇੰਟਰਵਿਊ ਵਿੱਚ ਹਾਜ਼ਰ ਹੋਏ ਯੋਗ ਬਿਨੈਕਾਰ ਵੱਲੋਂ ਜੇਕਰ ਇਕ ਹਫਤੇ ਦੇ ਅੰਦਰ-ਅੰਦਰ ਪਹਿਲੇ 3 ਮਹੀਨਿਆਂ ਦਾ ਪੇਸ਼ਗੀ ਕਿਰਾਇਆ ਅਤੇ ਨਿਯਮਾਂ ਅਨੁਸਾਰ GST ਅਲਾਟਮੈਂਟ ਸਮੇਂ ਹੀ ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਇਨ੍ਹਾਂ ਹਲਾਤਾ ਵਿੱਚ ਵੀ ਉਸ ਵੱਲੋਂ Demand Draft ਦੇ ਰੂਪ ਵਿੱਚ ਜਮ੍ਹਾਂ ਕਰਵਾਈ ਗਈ ਰਾਸ਼ੀ ਜ਼ਬਤ ਕਰ ਲਈ ਜਾਵੇਗੀ । ਇਸ ਉਪਰੰਤ Waiting List ਵਿੱਚੋਂ ਅਗਲੇ ਯੋਗ ਬਿਨੈਕਾਰ ਨੂੰ ਉਸ ਵੱਲੋਂ ਦਿੱਤੀ ਗਈ License Fees/ Financial Bid ਦੇ ਆਧਾਰ ਤੇ ਹੀ ਅਲਾਟਮੈਂਟ ਸਬੰਧੀ ਕਾਰਵਾਈ ਕੀਤੀ ਜਾਵੇਗੀ ਅਤੇ ਜੇਕਰ ਅਗਲੇ ਯੋਗ ਬਿਨੈਕਾਰ ਵੱਲੋਂ ਵੀ ਉਕਤ ਅਨੁਸਾਰ ਲੋੜੀਦੀ ਕਾਰਵਾਈ ਸਮੇਂ ਸਿਰ ਨਹੀਂ ਕੀਤੀ ਜਾਂਦੀ ਤਾਂ ਉਸ ਲਈ ਵੀ ਉਕਤ ਨਿਯਮ ਹੀ ਲਾਗੂ ਹੋਣਗੇ ਅਤੇ ਇਨ੍ਹਾਂ ਬਿਨੈਕਾਰਾਂ ਨੂੰ ਭਵਿੱਖ ਵਿੱਚ ਕਾਲਜ ਵਿਖੇ ਕਿਸੇ ਕੰਟੀਨ, ਦੁਕਾਨ, ਵਹੀਕਲ ਸਟੈਂਡ ਆਦਿ ਲਈ ਅਪਲਾਈ ਕਰਨ ਤੋਂ debar ਕੀਤਾ ਜਾਵੇਗਾ ।

11. No illegal activities shall be done or allowed to be done in the canteen.

12. ਕੰਟੀਨ ਦੀ ਅਲਾਟਮੈਂਟ ਸਬੰਧੀ ਇਸ਼ਤਿਹਾਰ ਅਖਬਾਰ ਵਿਚ ਛੱਪਣ ਦੀ ਮਿਤੀ ਤੋਂ 10 ਦਿਨਾਂ ਦੇ ਅੰਦਰ-ਅੰਦਰ ਫਾਰਮ/ਬਿਨੈ ਪੱਤਰ ਸੀਲਡ ਲਿਫਾਫੇ ਵਿਚ ਪ੍ਰਿੰਸੀਪਲ, ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵੇਰਕਾ, ਅੰਮ੍ਰਿਤਸਰ ਦੇ ਪਤੇ ਤੇ <u>ਰਜਿਸਟਰਡ ਪੋਸਟ</u> ਰਾਹੀਂ ਭੇਜਿਆ ਜਾਵੇ ਜਿਸ ਉੱਪਰ ਮੋਟੇ ਅੱਖਰਾਂ ਵਿੱਚ **<u>"Application for the allotment of Canteen"</u>** ਲਿਖਿਆ ਹੋਵੇ।

13. ਫਾਰਮ/ਬਿਨੈ ਪੱਤਰ ਦੀ ਕੀਮਤ 500/- ਰੁਪਏ ਕਾਲਜ ਦਫਤਰ ਵਿਖੇ ਜਮਾਂ ਕਰਵਾਈ ਜਾਵੇਗੀ।

14. ਬਿਨੇਕਾਰ ਨੂੰ ਇਹ ਹਿਦਾਇਤ ਕੀਤੀ ਜਾਂਦੀ ਹੈ ਕਿ ਉਹ ਅਲਾਟਮੈਂਟ ਸਬੰਧੀ ਨਿਰਧਾਰਿਤ ਬਿਨੈ-ਪੱਤਰ ਵਿੱਚ ਆਪਣੇ ਮੋਬਾਇਲ ਨੰਬਰ ਸਹੀ ਭਰਨ ਕਿਉਂਜੋ ਯੋਗ ਬਿਨੇਕਾਰ ਨੂੰ ਇੰਟਰਵਿਊ ਸਬੰਧੀ ਦਫਤਰ ਵੱਲੋਂ ਮੋਬਾਇਲ ਕਾਲ ਰਾਹੀਂ ਸੂਚਨਾ ਦਿੱਤੀ ਜਾਵੇਗੀ। ਜੇਕਰ ਬਿਨੈਕਾਰ ਵੱਲੋਂ ਮੋਬਾਇਲ ਨੰਬਰ ਸਹੀ ਨਾ ਦਿੱਤੇ ਜਾਣ ਕਰਕੇ ਕੋਈ ਗਲਤੀ/ਦੇਰੀ ਹੁੰਦੀ ਹੈ ਜਾਂ ਉਸ ਬਿਨੈਕਾਰ ਦੀ ਇੰਟਰਵਿਊ ਰਹਿ ਜਾਂਦੀ ਹੈ ਤਾਂ ਉਸ ਦੀ ਜਿੰਮੇਵਾਰੀ ਸਬੰਧਿਤ ਬਿਨੈਕਾਰ ਦੀ ਹੋਵੇਗੀ। ਬਿਨੈ-ਪੱਤਰ ਪ੍ਰਾਪਤ ਹੋਣ ਉਪਰੰਤ ਦਫਤਰ ਵੱਲੋਂ ਸਮੂਹ ਯੋਗ ਬਿਨੈਕਾਰਾਂ ਦੀ ਲਿਸਟ (ਸਮੇਤ Waiting List) ਕਾਲਜ ਦੇ ਨੋਟਿਸ ਬੋਰਡ ਤੇ ਲਗਾ ਦਿੱਤੀ ਜਾਵੇਗੀ।

15. ਕੰਟੀਨ ਦੀ ਅਲਾਟਮੈਂਟ ਹੋਣ ਉਪਰੰਤ ਜੇ ਕੋਈ ਠੇਕੇਦਾਰ ਕੰਟੀਨ ਨਿਰਧਾਰਿਤ ਮਿਤੀ ਤੋਂ ਪਹਿਲਾਂ ਛੱਡਣੀ ਚਾਹੇ ਤਾਂ ਉਸ ਵੱਲੋਂ ਕਾਲਜ ਦਫਤਰ ਨੂੰ 2 ਮਹੀਨੇ ਦਾ ਅਗਾਊਂ ਨੋਟਿਸ ਦੇਣਾ ਜਰੂਰੀ ਹੋਵੇਗਾ, ਅਤੇ ਜੇਕਰ ਉਸ ਵੱਲੋਂ ਅਗਾਊਂ ਨੋਟਿਸ ਦੇਣ ਤੋਂ ਬਗੈਰ ਕੰਟੀਨ ਛੱਡੀ ਜਾਂਦੀ ਹੈ ਤਾਂ ਉਸ ਵੱਲੋਂ ਜਮ੍ਹਾਂ ਕਰਵਾਈ ਗਈ ਸਕਿਉਰਟੀ ਦੀ ਰਕਮ ਜ਼ਬਤ ਕਰ ਲਈ ਜਾਵੇਗੀ।

16. ਕੰਟੀਨ ਦਾ ਠੇਕੇਦਾਰ ਕਿਰਾਏ, ਬਿਜਲੀ ਦੇ ਬਿਲ ਤੋਂ ਇਲਾਵਾ ਨਿਯਮਾਂ ਅਨੁਸਾਰ GST ਅਤੇ ਹੋਰ ਸਮੇਂ-ਸਮੇਂ ਤੇ ਸਰਕਾਰ ਵੱਲੋਂ ਲਗਾਏ ਜਾਣ ਵਾਲੇ ਟੈਕਸ ਦੇਣ ਦੇ ਪਾਬੰਦ ਹੋਵੇਗਾ।

17. ਕੰਟੀਨ ਵਿਚ ਬਿਜਲੀ ਦੇ ਮੀਟਰ ਠਕੇਦਾਰ ਵੱਲੋਂ ਆਪਣੇ ਪੱਧਰ ਅਤੇ ਖਰਚੇ ਤੇ ਲਗਵਾਏ ਜਾਣਗੇ ਅਤੇ ਇਨ੍ਹਾਂ ਦੇ ਬਿਲਾਂ ਦੀ ਅਦਾਇਗੀ ਵੀ ਠੇਕੇਦਾਰ ਵੱਲੋਂ ਆਪਣੇ ਪੱਧਰ ਤੇ ਕੀਤੀ ਜਾਵੇਗੀ।

18. ਕੰਟੀਨ ਦੇ ਠੇਕੇਦਾਰਾਂ ਵੱਲੋਂ ਕੰਟੀਨ ਵਿਖੇ ਵਰਤਿਆ ਜਾਣ ਵਾਲਾ Furniture ਅਤੇ ਛੈਡ ਆਪਣੇ ਪੱਧਰ ਤੇ ਅਤੇ ਆਪਣੇ ਖਰਚੇ ਤੇ ਖਰੀਦਨਾ ਜਰੂਰੀ ਹੋਵੇਗਾ।

19. ਜੇਕਰ ਕੰਟੀਨ ਠੇਕੇਦਾਰਾਂ ਵੱਲੋਂ ਕੰਟੀਨ ਦੇ ਸਾਹਮਣੇ ਵਾਲੀ ਖਾਲੀ ਜਗ੍ਹਾ ਬੈਠਣ ਲਈ ਵਰਤੋਂ ਵਿਚ ਲਿਆਉਣੀ ਹੈ ਤਾਂ ਉਸ ਜਗ੍ਹਾ ਤੇ ਠੇਕੇਦਾਰ ਆਪਣੇ ਪੱਧਰ ਤੇ ਅਤੇ ਖਰਚੇ ਤੇ ਕੇਵਲ ਰੇਤ ਦੀ filling ਨਾਲ interlocking tiles ਲਗਾਉਣਗੇ।

20. ਉਕਤ ਲੜੀ ਨੰਬਰ 17 ਅਤੇ 18 ਅਨੁਸਾਰ ਸਬੰਧਿਤ ਠੇਕੇਦਾਰ ਵੱਲੋਂ ਜੋ ਸਮਾਨ ਆਪਣੇ ਖਰਚੇ ਤੇ ਲਗਾਇਆ ਗਿਆ ਹੋਵੇਗਾ, ਅਲਾਟਮੈਂਟ ਦੀ ਮਿਆਦ ਖਤਮ ਤੋਂ ਬਾਅਦ ਉਹ ਸਮਾਨ ਠੇਕੇਦਾਰ ਆਪਣੇ ਨਾਲ ਲਿਜਾਣ ਦਾ ਹੱਕਦਾਰ ਹੋਵੇਗਾ।

21. ਕੰਟੀਨ ਦੇ ਠੇਕੇਦਾਰ ਵੱਲੋਂ ਕਾਲਜ ਸੰਪਤੀ ਦੀ ਦੁਰਵਰਤੋਂ ਕਰਨ ਜਾਂ ਉਸਨੂੰ ਕਿਸੇ ਕਿਸਮ ਦਾ ਨੁਕਸਾਨ ਪਹੁੰਚਾਉਣ ਤੇ ਉਸਦੀ ਭਰਪਾਈ ਸਬੰਧਿਤ ਠੇਕੇਦਾਰ ਵੱਲੋਂ ਜਮ੍ਹਾਂ ਕਰਵਾਈ ਗਈ ਸਕਿਉਰਟੀ ਰਕਮ ਵਿੱਚੋਂ ਕੀਤੀ ਜਾਵੇਗੀ।

22. ਕੰਟੀਨ ਵਿੱਚ ਮਿਟੀ ਦਾ ਤੇਲ, ਲੱਕੜ ਅਤੇ ਕੋਲੇ ਦਾ ਇਸਤੇਮਾਲ ਨਹੀਂ ਕੀਤਾ ਜਾਵੇਗਾ।

23. ਕੰਟੀਨ ਵਿਚ ਕੰਮ ਕਰਨ ਵਾਲਾ ਸਾਰਾ ਸਟਾਫ ਸਿਰ ਉਪਰ ਪੱਗੜੀ ਬੰਨਣਗੇ ਜਾਂ cap ਪਾਉਣਗੇ। ਉਹ ਹਲਕੇ ਰੰਗ ਦੀ ਜੈਕਟ, ਜਿਸ ਦੇ ਮਗਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵੇਰਕਾ ਲਿਖਿਆ ਹੋਵੇ ਪਹਿਨਣਗੇ। ਜੈਕਟ ਉਹਨਾਂ ਵੱਲੋਂ ਆਪਣੇ ਪੱਧਰ ਤੇ ਬਣਾਈ ਜਾਵੇਗੀ। ਸਰਵਿਸ ਸਟਾਫ ਦੀ ਉਮਰ 14 ਸਾਲਾਂ ਤੋਂ ਘੱਟ ਨਹੀਂ ਹੋਣੀ ਚਾਹੀਦੀ।

24. ਕੰਟੀਨ ਦੇ ਅਲਾਟੀਆਂ ਵੱਲੋਂ ਆਪਣੇ ਪੱਧਰ ਅਤੇ ਖਰਚੇ ਤੇ ਸਾਰੇ ਸਟਾਫ ਦੇ ਸ਼ਨਾਖਤੀ ਕਾਰਡ ਬਣਵਾਏ ਜਾਣਗੇ।

25. ਕੰਟੀਨ ਦਾ ਸਾਰਾ ਸਟਾਫ ਸਾਫ ਸੁਥਰੇ ਕੱਪੜੇ ਪਾਉਣਗੇ।

26. ਕੰਟੀਨ ਦੇ ਅਲਾਟੀ ਚਾਹ ਪਾਣੀ ਆਦਿ ਲਈ ਕਿਸੇ ਵੀ ਪ੍ਰਕਾਰ ਦੇ ਡਿਸਪੋਜ਼ੇਬਲ ਗਲਾਸ/ਪਲੇਟਾਂ ਦੀ ਵਰਤੋ ਨਹੀਂ ਕਰਣਗੇ।

27. ਕੰਟੀਨ ਅਲਾਟੀ ਸਾਰੀਆਂ ਵਸਤਾਂ ਮਿਆਰੀ ਰੱਖਣਗੇ ਅਤੇ ਕੰਟੀਨ ਵਿਚ ਵਿਕਣ ਵਾਲੀਆਂ ਵਸਤੂਆਂ ਦੀ ਕਮੇਟੀ ਵੱਲੋਂ approved rate list (ਨਾਲ ਨੱਥੀ) ਲਗਾਉਣਗੇ।

28. ਅਲਾਟੀ ਕੰਟੀਨ ਨੂੰ ਸਾਫ ਸੁਥਰਾ ਰੱਖਣਗੇ।

29. ਹਰੇਕ ਅਲਾਟੀ ਨੂੰ ਕੰਟੀਨ ਤੇ ਖੁਦ ਬੈਠਣਾ ਲਾਜ਼ਮੀ ਹੋਵੇਗਾ।

30. ਕੰਟੀਨ ਦੇ ਠੇਕੇਦਾਰ ਵੱਲੋਂ ਕੰਟੀਨ ਦੇ ਬਾਹਰ ਮੋਟੇ ਅੱਖਰਾਂ ਵਿਚ ਲਿਖਵਾ ਕੇ ਬੋਰਡ ਲਗਾਇਆ ਜਾਵੇਗਾ ਕਿ "ਨਸ਼ੀਲੇ ਪਦਾਰਥਾਂ ਦੀ ਵਰਤੋਂ ਕਰਨਾ ਸਖਤ ਮਨਾ ਹੈ" ਅਤੇ ਨਾਲ ਹੀ ਠੇਕੇਦਾਰ ਕੰਟੀਨ ਦੇ ਬੋਰਡ ਤੇ ਆਪਣਾ ਨਾਮ ਅਤੇ ਮੋਬਿਾਇਲ ਨੰਬਰ ਵੀ ਦਰਸਾਵੇਗਾ।

31. ਕੰਟੀਨ ਵਿਚ ਵਿਕਣ ਵਾਲੀਆਂ ਵੱਸਤੂਆਂ ਨੂੰ ਕਿਸੇ ਸਮੇਂ ਵੀ ਮੈਡੀਕਲ ਅਫਸਰ ਜਾਂ ਸਮਰਥ ਅਧਿਕਾਰੀ ਵੱਲੋਂ ਚੈਕ ਕੀਤਾ ਜਾ ਸਕਦਾ ਹੈ।

32. ਕੰਟੀਨ ਦਾ ਸਮਾਂ ਸਵੇਰੇ 8.30 ਤੋਂ ਸ਼ਾਮ 3.40 ਵਜੇ ਤੱਕ ਹੋਵੇਗਾ ਅਤੇ ਇਸ ਤੋਂ ਪਹਿਲਾਂ ਕੰਟੀਨ ਨੂੰ ਬੰਦ ਨਹੀਂ ਕੀਤਾ ਜਾਵੇਗਾ।

33. ਕੰਟੀਨ ਦੇ ਠੇਕੇਦਾਰ ਨੂੰ ਇਸ ਨੂੰ ਅੱਗੇ sublet ਕਰਨ ਦਾ ਅਧਿਕਾਰ ਨਹੀਂ ਹੋਵੇਗਾ।

34. ਠੇਕੇਦਾਰ ਨੂੰ "ਬਗੈਰ ਕਾਰਨ ਦੱਸੇ" ਇਕ ਹਫਤੇ ਦਾ ਨੋਟਿਸ ਦਿੰਦੇ ਹੋਏ ਕੰਟੀਨ ਖਾਲੀ ਕਰਵਾਉਣ ਦਾ ਅਧਿਕਾਰ ਯੂਨੀਵਰਸਿਟੀ/ ਕਾਲਜ ਕੋਲ ਹੋਵੇਗਾ।

*ਨੋਟ: ਜਿਸ ਉਮੀਦਵਾਰ ਨੂੰ ਕੰਟੀਨ ਦੀ ਅਲਾਟਮੈਂਟ ਕਮੇਟੀ ਵੱਲੋਂ ਕੀਤੀ ਜਾਵੇਗੀ ਉਹ ਉਪਰੋਕਤ ਲਿਖੀਆਂ ਸ਼ਰਤਾਂ 25/- ਰੁਪਏ ਦੇ ਅਸ਼ਟਾਮ ਤੇ ਮੈਜਿਸਟ੍ਰੇਟ ਵੱਲੋਂ ਤਸਦੀਕਸ਼ੁਦਾ ਫੋਟੋ ਵਾਲਾ ਹਲਫੀਆ ਬਿਆਨ ਤਿਆਰ ਕਰਵਾ ਕੇ ਕਾਲਜ ਦਫ਼ਤਰ ਵਿਚ ਜਮ੍ਹਾਂ ਕਰਵਾਏਗਾ।*

## ਵਹੀਕਲ ਸਟੈਂਡ ਦੀ ਅਲਾਟਮੈਂਟ ਦੀਆਂ ਸ਼ਰਤਾਂ

ਬਿਨੇਕਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਵਹੀਕਲ ਸਟੈਂਡ ਲਈ ਅਪਲਾਈ ਕਰਨ ਤੋਂ ਪਹਿਲਾਂ ਹੇਠ ਲਿਖੀਆਂ ਸ਼ਰਤਾਂ ਧਿਆਨ ਨਾਲ ਪੜ੍ਹ ਲੈਣ ਤਾਂ ਜੋ ਬਿਨੇ-ਪੱਤਰ ਕੈਂਸਲ/ਰਿਜੈਕਟ ਨਾਂ ਹੋਵੇ।

1. ਵਹੀਕਲ ਸਟੈਂਡ ਦੀ ਅਲਾਟਮੈਂਟ ਲਈ ਉਹ ਹੀ ਬਿਨੈਕਾਰ ਅਪਲਾਈ ਕਰ ਸਕਦੇ ਹਨ ਜਿਨ੍ਹਾਂ ਨੂੰ (ਕਿਸੇ ਕੇਸ ਵਿੱਚ ਅਦਾਲਤ ਵੱਲੋਂ ਦੋਸ਼ੀ ਕਰਾਰ ਨਾ ਦਿੱਤਾ ਗਿਆ ਹੋਵੇ ਅਤੇ ਨਾ ਹੀ ਉਸ ਨੂੰ ਕਿਸੇ ਵਿਭਾਗ/ ਸੰਸਥਾ ਵੱਲੋਂ ***debar/blacklist*** ਕੀਤਾ ਗਿਆ ਹੋਵੇ) ਅਤੇ ਜਿਨ੍ਹਾਂ ਕੋਲ ਕਿਸੇ ਸੰਸਥਾਂ/ਕਾਲਜ/ਯੂਨੀਵਰਸਿਟੀ ਵਿਖੇ ਕੰਮ ਕਰਨ ਦਾ ਘੱਟੋ-ਘੱਟ 3 ਸਾਲ ਦਾ Experience ਹੋਵੇ। Experience Certificate and Residence Proof (Adhaar Card)ਦੀ ਪਰਤ ਬਿਨੈ-ਪੱਤਰ ਦੇ ਨਾਲ ਜਮ੍ਹਾਂ ਕਰਵਾਉਣੀ ਜ਼ਰੂਰੀ ਹੋਵੇਗੀ।

2. ਵਹੀਕਲ ਸਟੈਂਡ ਦੀ ਮੁਢਲੀ ਅਲਾਟਮੈਂਟ ਮਿਤੀ ਅਲਾਟਮੈਂਟ 01 ਜੁਲਾਈ 2022 (ਜਾਂ ਜਿਸ ਮਿਤੀ ਤੋਂ ਅਲਾਟਮੈਂਟ ਹੋਵੇਗੀ) ਤੋਂ 30 ਜੂਨ 2023 ਤੱਕ ਹੋਵੇਗੀ ਅਤੇ ਠੇਕੇਦਾਰ ਦੇ ਕੰਮ ਅਤੇ ਵਿਵਹਾਰ ਨੂੰ ਮੁੱਖ ਰੱਖਦੇ ਹੋਏ ਅਗਲੇ 2 ਸਾਲਾਂ (Extendable upto 30.06.2025 ਤੱਕ) ਲਈ ਹਰ ਸਾਲ ਕਿਰਾਏ ਵਿਚ 5% ਦਾ ਵਾਧਾ ਕਰਦੇ ਹੋਏ ਅਲਾਟਮੈਂਟ ਦੀ ਮਿਆਦ ਵਿਚ ਵਾਧਾ ਕਰਨ ਦਾ ਅਧਿਕਾਰ ਯੂਨੀਵਰਸਿਟੀ ਕੋਲ ਹੋਵੇਗਾ।

3. ਵਹੀਕਲ ਸਟੈਂਡ ਲਈ ਬਿਨੈਕਾਰ ਵੱਲੋਂ ਅਪਣੇ ਬਿਨੈ ਪੱਤਰ ਵਿੱਚ ਜਿੰਨੀ License Fee/ Financial Bid ਭਰੀ ਜਾਵੇਗੀ ਉਸ ਦੇ ਤਿੰਨ ਗੁਣਾ ਰਾਸ਼ੀ ਦਾ Demand Draft ਜੋ ਕਿ **Main Account of Guru Nanak Dev University College Verka** ਦੇ ਨਾਮ ਤੇ ਹੋਵੇ ਅਪਣੇ ਬਿਨੈ ਪੱਤਰ ਦੇ ਨਾਲ ਹੀ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵੇਗਾ, ਜਿਸ ਦੀ ਰਾਸ਼ੀ ਸਫਲ ਉਮੀਦਵਾਰ ਦੀ ਜਮਾਨਤੀ ਰਕਮ ਵਿੱਚ ਐਡਜਟ ਕਰ ਦਿੱਤੀ ਜਾਵੇਗੀ (*ਜੋ ਅਲਾਟਮੈਂਟ ਦੀ ਮਿਆਦ ਖਤਮ ਹੋਣ ਉਪਰੰਤ ਬਿਨ੍ਹਾਂ ਵਿਆਜ ਵਾਪਸੀ ਯੋਗ ਹੋਵੇਗੀ*) ਅਤੇ ਬਾਕੀ ਉਮੀਦਵਾਰਾਂ ਨੂੰ Demand Draft ਵਾਪਿਸ ਕਰ ਦਿੱਤਾ ਜਾਵੇਗਾ ।

4. ਵਹੀਕਲ ਸਟੈਂਡ ਦਾ ਠੇਕੇਦਾਰ ਪਹਿਲੇ 3 ਮਹੀਨਿਆਂ ਦਾ ਪੇਸ਼ਗੀ ਕਿਰਾਇਆ ਅਤੇ ਨਿਯਮਾਂ ਅਨੁਸਾਰ GST ਅਲਾਟਮੈਂਟ ਸਮੇਂ ਹੀ ਜਮ੍ਹਾਂ ਕਰਵਾਏਗਾ ਅਤੇ ਅਗਲੇ 3 ਮਹੀਨਿਆਂ ਦਾ ਕਿਰਾਇਆ (*ਸਮੇਤ* GST) ਸਤੰਬਰ ਮਹੀਨੇ ਦੀ 25 ਤੋਂ 30 ਤਾਰੀਖ (*ਜਾਂ ਅਖੀਰਲੇ ਕੰਮ ਵਾਲੇ ਦਿਨ ਤੱਕ*) ਜਮ੍ਹਾਂ ਕਰਵਾਏਗਾ । ਜੇਕਰ ਠੇਕੇਦਾਰ ਵੱਲੋਂ ਇਸ ਦਰਮਿਆਨ ਕਿਰਾਇਆ (*ਸਮੇਤ* GST) ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਅਕਤੂਬਰ ਮਹੀਨੇ ਦੀ 15 ਤਾਰੀਖ ਤੱਕ (ਜਾਂ ਕੰਮ ਵਾਲੇ ਦਿਨ ਤੱਕ) ਉਸ ਨੂੰ ਕਿਰਾਇਆ (*ਸਮੇਤ* GST) 10% **Penalty** ਨਾਲ ਜਮ੍ਹਾਂ ਕਰਵਾਉਣਾ ਪਵੇਗਾ ਅਤੇ ਜੇਕਰ ਠੇਕੇਦਾਰ ਵੱਲੋਂ ਫਿਰ ਵੀ ਕਿਰਾਇਆ (*ਸਮੇਤ* GST) ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਉਸਦਾ ਠੇਕਾ ਰੱਦ ਕਰਨ ਅਤੇ ਜਮਾਨਤੀ ਰਕਮ ਜਬਤ ਕਰਨ ਦਾ ਅਧਿਕਾਰ ਯੂਨੀਵਰਸਿਟੀ ਕੋਲ ਹੋਵੇਗਾ । ਇਹ ਹੀ ਸ਼ਰਤ ਅਗਲੀਆਂ ਤਿਮਾਹੀਆਂ ਦੇ ਕਿਰਾਏ ਆਦਿ ਤੇ ਲਾਗੂ ਹੋਵੇਗੀ ।

5. ਵਹੀਕਲ ਸਟੈਂਡ ਲਈ ਪ੍ਰਾਪਤ ਹੋਣ ਵਾਲੀਆਂ ਅਰਜ਼ੀਆਂ ਵਿੱਚੋਂ ਜਿਸ ਯੋਗ ਬਿਨੈਕਾਰ ਵੱਲੋਂ ਸਭ ਤੋਂ ਜ਼ਿਆਦਾ Licence Fees/Financial Bid ਭਰੀ ਹੋਵੇਗੀ ਉਸ ਬਿਨੈਕਾਰ ਨੂੰ ਹੀ ਇੰਟਰਵਿਊ ਲਈ ਬੁਲਾਉਣ ਉਪਰੰਤ ਅਲਾਟਮੈਂਟ ਕੀਤੀ ਜਾਵੇਗੀ । ਜੇਕਰ ਬਿਨੈਕਾਰ ਇੰਟਰਵਿਊ ਵਿੱਚ ਹਾਜ਼ਰ ਨਹੀਂ ਹੁੰਦਾ (ਜੋ ਕਿ ਬਿਨੈਕਾਰ ਨੂੰ ਅਪੀਅਰ ਹੋਣਾ Mandatory ਹੈ), ਤਾਂ ਉਸ ਵੱਲੋਂ Demand Draft ਦੇ ਰੂਪ ਵਿੱਚ ਜਮ੍ਹਾਂ ਕਰਵਾਈ ਗਈ ਰਾਸ਼ੀ ਜ਼ਬਤ ਕਰ ਲਈ ਜਾਵੇਗੀ ਅਤੇ ਜੇਕਰ ਇੰਟਰਵਿਊ ਵਿੱਚ ਹਾਜ਼ਰ ਹੋਏ ਯੋਗ ਬਿਨੈਕਾਰ ਵੱਲੋਂ ਜੇਕਰ ਇਕ ਹਫਤੇ ਦੇ ਅੰਦਰ-ਅੰਦਰ ਪਹਿਲੇ 3 ਮਹੀਨਿਆਂ ਦਾ ਪੇਸ਼ਗੀ ਕਿਰਾਇਆ ਅਤੇ ਨਿਯਮਾਂ ਅਨੁਸਾਰ GST ਅਲਾਟਮੈਂਟ ਸਮੇਂ ਹੀ ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਇਨ੍ਹਾਂ ਹਲਾਤਾ ਵਿੱਚ ਵੀ ਉਸ ਵੱਲੋਂ Demand Draft ਦੇ ਰੂਪ ਵਿੱਚ ਜਮ੍ਹਾਂ ਕਰਵਾਈ ਗਈ ਰਾਸ਼ੀ ਜ਼ਬਤ ਕਰ ਲਈ ਜਾਵੇਗੀ । ਇਸ ਉਪਰੰਤ Waiting List ਵਿੱਚੋਂ ਅਗਲੇ ਯੋਗ ਬਿਨੈਕਾਰ ਨੂੰ ਉਸ ਵੱਲੋਂ ਦਿੱਤੀ ਗਈ License Fees/ Financial Bid ਦੇ ਆਧਾਰ ਤੇ ਹੀ ਅਲਾਟਮੈਂਟ ਸਬੰਧੀ ਕਾਰਵਾਈ ਕੀਤੀ ਜਾਵੇਗੀ ਅਤੇ ਜੇਕਰ ਅਗਲੇ ਯੋਗ ਬਿਨੈਕਾਰ ਵੱਲੋਂ ਵੀ ਉਕਤ ਅਨੁਸਾਰ ਲੋੜੀਂਦੀ ਕਾਰਵਾਈ ਸਮੇਂ ਸਿਰ ਨਹੀਂ ਕੀਤੀ ਜਾਂਦੀ ਤਾਂ ਉਸ ਲਈ ਵੀ ਉਕਤ ਨਿਯਮ ਹੀ ਲਾਗੂ ਹੋਣਗੇ ਅਤੇ ਇਨ੍ਹਾਂ ਬਿਨੈਕਾਰਾਂ ਨੂੰ ਭਵਿੱਖ ਵਿੱਚ ਕਾਲਜ ਵਿਖੇ ਕਿਸੇ ਕੰਟੀਨ,ਵਹੀਕਲ ਸਟੈਂਡ ਆਦਿ ਲਈ ਅਪਲਾਈ ਕਰਨ ਤੋਂ debar ਕੀਤਾ ਜਾਵੇਗਾ ।

6. ਇਸ ਸੈਸ਼ਨ ਦੌਰਾਨ ਜੇਕਰ ਵਹੀਕਲ ਸਟੈਂਡ ਵਿਚ ਉਥੋ ਦੇ ਕਰਿੰਦੇ ਨਾਲ ਕੋਈ ਹਾਦਸਾ ਜਾਂ ਅਣਸੁਖਾਵੀ ਘਟਨਾ ਵਾਪਰ ਜਾਂਦੀ ਹੈ ਤਾਂ ਉਸ ਦੀ ਜ਼ਿੰਮੇਵਾਰੀ ਠੇਕੇਦਾਰ ਦੀ ਹੋਵੇਗੀ।

7. ਵਹੀਕਲ ਸਟੈਂਡ ਵਿੱਚ ਵਿਦਿਆਰਥੀਆਂ ਦੇ ਸਿਰਫ ਦੋ-ਪਹਿਆ ਵਾਹਨ ਹੀ ਲਗਾਏ ਜਾਣਗੇ।

8. ਜੇਕਰ ਕਿਸੇ ਵੀ ਪਹਿਲਾਂ ਲਏ ਗਏ ਠੇਕੇਦਾਰ ( ਵਹੀਕਲ ਸਟੈਂਡ) ਜਿਸ ਨੇ ਕਾਲਜ ਦੇ ਹਿੱਤ ਦੇ ਮੁਤਾਬਿਕ ਪ੍ਰੋਫਾਰਮੈਸ ਠੀਕ ਨਹੀਂ ਦਿੱਤੀ ਗਈ ਉਸ ਨੂੰ ਵਹੀਕਲ ਸਟੈਂਡ ਦਾ ਠੇਕਾ ਦੁਬਾਰਾ ਨਹੀਂ ਦਿੱਤਾ ਜਾਵੇਗਾ।

9. ਵਹੀਕਲ ਸਟੈਂਡ ਲਈ ਜਿਹੜਾ ਸਭ ਤੋਂ ਵੱਧ ਰੇਟ ਭਰੇਗਾ ਸਿਰਫ ਤੇ ਸਿਰਫ ਉਸ ਨੂੰ ਹੀ ਬੁਲਾਇਆ ਜਾਵੇਗਾ।

10. ਵਹੀਕਲ ਸਟੈਂਡ ਦੀ ਅਲਾਟਮੈਂਟ ਸਬੰਧੀ ਇਸ਼ਤਿਹਾਰ ਅਖਬਾਰ ਵਿਚ ਛੱਪਣ ਦੀ ਮਿਤੀ ਤੋਂ 10 ਦਿਨਾਂ ਦੇ ਅੰਦਰ-ਅੰਦਰ ਫਾਰਮ/ਬਿਨੈ ਪੱਤਰ ਸੀਲਡ ਲਿਫਾਫੇ ਵਿਚ ਪ੍ਰਿੰਸੀਪਲ, ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵੇਰਕਾ, ਅੰਮ੍ਰਿਤਸਰ ਦੇ ਪਤੇ ਤੇ ਰਜਿਸਟਰਡ ਪੋਸਟ ਰਾਹੀਂ ਭੇਜਿਆ ਜਾਵੇ ਜਿਸ ਉੱਪਰ ਮੋਟੇ ਅੱਖਰਾਂ ਵਿੱਚ **"Application for the allotment of Vehicle Stand"** ਲਿਖਿਆ ਹੋਵੇ।

11. ਫਾਰਮ/ਬਿਨੈ ਪੱਤਰ ਦੀ ਕੀਮਤ 500/- ਰੁਪਏ ਕਾਲਜ ਦਫ਼ਤਰ ਵਿਖੇ ਜਮਾਂ ਕਰਵਾਈ ਜਾਵੇਗੀ।

12. ਬਿਨੇਕਾਰ ਨੂੰ ਇਹ ਹਿਦਾਇਤ ਦਿੱਤੀ ਜਾਂਦੀ ਹੈ ਕਿ ਉਹ ਅਲਾਟਮੈਂਟ ਸਬੰਧੀ ਨਿਰਧਾਰਿਤ ਬਿਨੈ-ਪੱਤਰ ਵਿੱਚ ਆਪਣੇ ਮੋਬਾਇਲ ਨੰਬਰ ਸਹੀ ਭਰਨ ਕਿਉਂਜੋ ਯੋਗ ਬਿਨੇਕਾਰ ਨੂੰ ਇੰਟਰਵਿਉ ਸਬੰਧੀ ਦਫਤਰ ਵੱਲੋਂ ਮੋਬਾਇਲ ਕਾਲ ਰਾਹੀਂ ਸੂਚਨਾ ਦਿੱਤੀ ਜਾਵੇਗੀ। ਜੇਕਰ ਬਿਨੈਕਾਰ ਵੱਲੋਂ ਮੋਬਾਇਲ ਨੰਬਰ ਸਹੀ ਨਾ ਦਿੱਤੇ ਜਾਣ ਕਰਕੇ ਕੋਈ ਗਲਤੀ/ਦੇਰੀ ਹੁੰਦੀ ਹੈ ਜਾਂ ਉਸ ਬਿਨੈਕਾਰ ਦੀ ਇੰਟਰਵਿਉ ਰਹਿ ਜਾਂਦੀ ਹੈ ਤਾਂ ਉਸ ਦੀ ਜਿੰਮੇਵਾਰੀ ਸਬੰਧਿਤ ਬਿਨੈਕਾਰ ਦੀ ਹੋਵੇਗੀ। ੈ-ਪੱਤਰ ਪ੍ਰਾਪਤ ਹੋਣ ਉਪਰੰਤ ਦਫਤਰ ਵੱਲੋਂ ਸਮੂਹ ਯੋਗ ਬਿਨੈਕਾਰਾਂ ਦੀ ਲਿਸਟ(ਸਮੇਤ Waiting List) ਕਾਲਜ ਦੇ ਨੋਟਿਸ ਬੋਰਡ ਤੇ ਲਗਾ ਦਿੱਤੀ ਜਾਵੇਗੀ।

13. ਵਹੀਕਲ ਸਟੈਂਡ ਦੀ ਅਲਾਟਮੈਂਟ ਹੋਣ ਉਪਰੰਤ ਜੇ ਕੋਈ ਠੇਕੇਦਾਰ ਵਹੀਕਲ ਸਟੈਂਡ ਨਿਰਧਾਰਿਤ ਮਿਤੀ ਤੋਂ ਪਹਿਲਾਂ ਛੱਡਨਾ ਚਾਹੇ ਤਾਂ ਉਸ ਵੱਲੋਂ ਕਾਲਜ ਦਫ਼ਤਰ ਨੂੰ 2 ਮਹੀਨੇ ਦਾ ਅਗਾਊਂ ਨੋਟਿਸ ਦੇਣਾ ਜਰੂਰੀ ਹੋਵੇਗਾ, ਅਤੇ ਜੇਕਰ ਉਸ ਵੱਲੋਂ ਅਗਾਊਂ ਨੋਟਿਸ ਦੇਣ ਤੋਂ ਬਗੈਰ ਵਹੀਕਲ ਸਟੈਂਡ ਛੱਡਿਆ ਜਾਂਦਾ ਹੈ ਤਾਂ ਉਸ ਵੱਲੋਂ ਜਮ੍ਹਾਂ ਕਰਵਾਈ ਗਈ ਸਕਿਊਟਰੀ ਦੀ ਰਕਮ ਜ਼ਬਤ ਕਰ ਲਈ ਜਾਵੇਗੀ।

14. ਵਹੀਕਲ ਸਟੈਂਡ ਦੇ ਠੇਕੇਦਾਰ ਕਿਰਾਏ ਤੋਂ ਇਲਾਵਾ ਨਿਯਮਾਂ ਅਨੁਸਾਰ GST ਅਤੇ ਹੋਰ ਸਮੇਂ-ਸਮੇਂ ਤੇ ਸਰਕਾਰ ਵੱਲੋਂ ਲਗਾਏ ਜਾਣ ਵਾਲੇ ਟੈਕਸ ਦੇਣ ਦੇ ਪਾਬੰਦ ਹੋਵੇਗਾ।

15. ਵਹੀਕਲ ਸਟੈਂਡ ਦੇ ਠੇਕੇਦਾਰ ਵੱਲੋਂ ਕਾਲਜ ਸੰਪਤੀ ਦੀ ਦੁਰਵਰਤੋਂ ਕਰਨ ਜਾਂ ਉਸਨੂੰ ਕਿਸੇ ਕਿਸਮ ਦਾ ਨੁਕਸਾਨ ਪਹੁੰਚਾਉਣ ਤੇ ਉਸਦੀ ਭਰਪਾਈ ਸਬੰਧਿਤ ਠੇਕੇਦਾਰ ਵੱਲੋਂ ਜਮ੍ਹਾਂ ਕਰਵਾਈ ਗਈ ਸਕਿਉਰਟੀ ਰਕਮ ਵਿੱਚੋਂ ਕੀਤੀ ਜਾਵੇਗੀ।

16. ਵਹੀਕਲ ਸਟੈਂਡ ਵਿਚ ਕੰਮ ਕਰਨ ਵਾਲੇ ਸਾਰੇ ਸਟਾਫ ਦੀ ਉਮਰ 14 ਸਾਲਾਂ ਤੋਂ ਘੱਟ ਨਹੀਂ ਹੋਣੀ ਚਾਹੀਦੀ।

17. ਵਹੀਕਲ ਸਟੈਂਡ ਦੇ ਠੇਕੇਦਾਰ ਵੱਲੋਂ ਆਪਣੇ ਪੱਧਰ ਅਤੇ ਖਰਚੇ ਤੇ ਸਾਰੇ ਸਟਾਫ ਦੇ ਸ਼ਨਾਖਤੀ ਕਾਰਡ ਬਣਵਾਏ ਜਾਣਗੇ।

18. ਠੇਕੇਦਾਰ ਵਹੀਕਲ ਸਟੈਂਡ ਨੂੰ ਸਾਫ ਸੁਥਰਾ ਰੱਖੇਗਾ।

19. ਠੇਕੇਦਾਰ ਦਾ ਵਹੀਕਲ ਸਟੈਂਡ ਤੇ ਖੁਦ ਬੈਠਣਾ ਲਾਜ਼ਮੀ ਹੋਵੇਗਾ।

20. ਵਹੀਕਲ ਸਟੈਂਡ ਦਾ ਠੇਕੇਦਾਰ ਪਾਸੋਂ ਹੇਠਾਂ ਦਰਸਾਏ ਅਨੁਸਾਰ ਪੈਸੇ ਚਾਰਜ਼ ਕਰੇਗਾ :

21.ਇਕ ਮਹੀਨੇ ਦਾ **(Pass)**

ਕਾਲਜ ਦੇ ਵਿਦਿਆਰਥੀਆਂ ਲਈ

ਸਾਇਕਲ : 50/- ਸਕੂਟਰ/ਮੋਟਰ ਸਾਇਕਲ/ਐਕਟੀਵਾ : 200/-

ਇਕ ਦਿਨ ਲਈ

ਕਾਲਜ ਦੇ ਵਿਦਿਆਰਥੀਆਂ ਲਈ

ਸਾਇਕਲ : 05/- ਸਕੂਟਰ/ਮੋਟਰ ਸਾਇਕਲ/ਐਕਟੀਵਾ : 10/-

22. ਵਹੀਕਲ ਸਟੈਂਡ ਤੇ ਖੜੇ ਸਾਇਕਲ/ਸਕੂਟਰ/ਮੋਟਰ ਸਾਈਕਲ ਦੇ ਗੁੰਮ ਹੋਣ ਜਾਂ ਇਸ ਦੇ ਕਿਸੇ ਕਿਸਮ ਦੇ ਨੁਕਸਾਨ ਦੀ ਜਿੰਮੇਵਾਰੀ ਠੇਕੇਦਾਰ ਦੀ ਹੋਵੇਗੀ।

23. ਵਹੀਕਲ ਸਟੈਂਡ ਦੇ ਠੇਕੇਦਾਰ ਵੱਲੋਂ ਸਟੈਂਡ ਵਿਖੇ ਨਾ ਤਾਂ ਕੋਈ ਗੈਰ ਕਾਨੂੰਨੀ ਕੰਮ ਕੀਤਾ ਜਾਵੇਗਾ ਅਤੇ ਨਾ ਹੀ ਕੋਈ inflammable material ਹੀ ਸਟੋਰ ਕੀਤਾ ਜਾਵੇਗਾ।

24. ਵਹੀਕਲ ਸਟੈਂਡ ਵਿਖੇ ਪਾਰਕ ਹੋਏ ਅਨਜਾਨ/ ਸ਼ੱਕੀ ਵਹੀਕਲ ਦੀ ਜਾਣਕਾਰੀ ਕਾਲਜ ਦਫ਼ਤਰ ਨੂੰ ਦੇਣ ਦੀ ਜਿੰਮੇਵਾਰੀ ਸਬੰਧਿਤ ਠੇਕੇਦਾਰ ਦੀ ਹੋਵੇਗੀ।

25. ਵਹੀਕਲ ਸਟੈਂਡ ਦੇ ਠੇਕੇਦਾਰ ਨੂੰ ਇਸ ਨੂੰ ਅੱਗੇ sublet ਕਰਨ ਦਾ ਅਧਿਕਾਰ ਨਹੀਂ ਹੋਵੇਗਾ।

26. ਠੇਕੇਦਾਰ ਨੂੰ "ਬਗੈਰ ਕ਼ਾਰਨ ਦੱਸੇ" ਇਕ ਹਫਤੇ ਦਾ ਸਮਾਂ ਦਿੰਦੇ ਹੋਏ ਵਹੀਕਲ ਸਟੈਂਡ ਖਾਲੀ ਕਰਵਾਉਣ ਦਾ ਅਧਿਕਾਰ ਯੂਨੀਵਰਸਿਟੀ/ਕਾਲਜ ਕੋਲ ਹੋਵੇਗਾ।

27. ਠੇਕੇਦਾਰ ਵਿਦਿਆਰਥੀਆਂ ਦੇ ਵਹੀਕਲ ਕੇਵਲ ਪਾਰਕਿੰਗ ਵਿਚ ਸਹੀ ਤਰੀਕੇ ਨਾਲ ਲਗਾਉਣਗੇ ਅਤੇ ਪਾਰਕਿੰਗ ਤੋਂ ਇਲਾਵਾ ਹੋਰ ਕਿਤੇ ਵੀ ਵਿਦਿਆਰਥੀ ਦਾ ਵਹੀਕਲ ਪਾਰਕ ਨਹੀਂ ਕੀਤਾ ਜਾਵੇਗਾ।

*ਨੋਟ: ਜਿਸ ਉਮੀਦਵਾਰ ਨੂੰ ਵਹੀਕਲ ਸਟੈਂਡ ਦੀ ਅਲਾਟਮੈਂਟ ਕਮੇਟੀ ਵੱਲੋਂ ਕੀਤੀ ਜਾਵੇਗੀ ਉਹ ਉਪਰੋਕਤ ਲਿਖੀਆਂ ਸ਼ਰਤਾਂ 25/- ਰੁਪਏ ਦੇ ਅਸ਼ਟਾਮ ਤੇ ਮੈਜਿਸਟ੍ਰੇਟ ਵੱਲੋਂ ਤਸਦੀਕਸ਼ੁਦਾ ਫੋਟੋ ਵਾਲਾ ਹਲਫੀਆ ਬਿਆਨ ਤਿਆਰ ਕਰਵਾ ਕੇ ਜਨਰਲ ਸ਼ਾਖਾ ਵਿਚ ਜਮ੍ਹਾਂ ਕਰਵਾਏਗਾ।*